Punjabi - Number 23b
January 2026

ਮੇਨਿੰਨਜੋਕੋਕਲ ਕੁਆਡਰੀਵੇਲੈਂਟ ਕੰਨਜੂਗੇਟ ਵੈਕਸੀਨ

Meningococcal quadrivalent conjugate vaccine

ਟੀਕਾਕਰਨ ਨੇ ਪਿਛਲੇ 50 ਸਾਲਾਂ ਵਿੱਚ ਕੈਨੇਡਾ ਵਿੱਚ ਹੋਰ ਕਿਸੇ ਵੀ ਸਿਹਤ ਉਪਾਅ ਨਾਲੋਂ ਵਧੇਰੇ ਜਾਨਾਂ ਬਚਾਈਆਂ ਹਨ।

ਮੇਨਿੰਨਜੋਕੋਕਲ ਕੁਆਡਰੀਵੇਲੈਂਟ ਕੰਨਜੂਗੇਟ ਵੈਕਸੀਨ ਕੀ ਹੈ?

ਮੇਨਿੰਨਜੋਕੋਕਲ ਕੁਆਡਰੀਵੇਲੈਂਟ ਕੰਨਜੂਗੇਟ ਵੈਕਸੀਨ 4 ਕਿਸਮਾਂ ਦੇ ਮੇਨਿੰਨਜੋਕੋਕਲ ਬੈਕਟੀਰੀਆ ਤੋਂ ਬਚਾਉਂਦੀ ਹੈ: ਟਾਈਪ A, C, Y ਅਤੇ W। ਇਹ ਵੈਕਸੀਨ ਹੈਲਥ ਕੈਨੇਡਾ ਦੁਆਰਾ ਪ੍ਰਵਾਨਿਤ ਹੈ।

ਵੈਕਸੀਨ ਕਿਸਨੂੰ ਲਗਵਾਉਣੀ ਚਾਹੀਦੀ ਹੈ?

ਇਹ ਵੈਕਸੀਨ ਗ੍ਰੇਡ 9 ਦੇ ਬੱਚਿਆਂ ਨੂੰ ਮੁਫ਼ਤ ਦਿੱਤੀ ਜਾਂਦੀ ਹੈ।

ਇਹ ਵੈਕਸੀਨ ਮੇਨਿੰਨਜੋਕੋਕਲ ਬਿਮਾਰੀ ਦੇ ਉੱਚ ਜੋਖਮ ਵਾਲੇ ਬੱਚਿਆਂ ਅਤੇ ਬਾਲਗਾਂ ਨੂੰ ਵੀ ਮੁਫਤ ਦਿੱਤੀ ਜਾਂਦੀ ਹੈ, ਜਿਨ੍ਹਾਂ ਵਿੱਚ ਉਹ ਲੋਕ ਸ਼ਾਮਲ ਹਨ:

- ਜਿਨ੍ਹਾਂ ਦੀ ਤਿੱਲੀ ਨਹੀਂ ਹੈ, ਜਾਂ ਅਜਿਹੀ ਤਿੱਲੀ ਹੈ ਜੋ ਠੀਕ ਤਰ੍ਹਾਂ ਕੰਮ ਨਹੀਂ ਕਰ ਰਹੀ ਹੈ
- ਜਿਨ੍ਹਾਂ ਨੂੰ ਕੰਮਪਲੀਮੈਂਟ (complement), ਪ੍ਰੋਪਰਡਿਨ (properdin), ਫੈਕਟਰ ਡੀ ਜਾਂ ਪ੍ਰਾਇਮਰੀ ਐਂਟੀਬਾਡੀ ਦੀਆਂ ਕਮੀਆਂ ਸਮੇਤ ਇਮਿਊਨ ਸਿਸਟਮ ਦੇ ਵਿਕਾਰ ਹਨ
- ਜਿਨ੍ਹਾਂ ਦਾ ਆਈਲੇਟ ਸੈੱਲ ਜਾਂ ਠੋਸ ਅੰਗ ਟ੍ਰਾਂਸਪਲਾਂਟ ਹੋਇਆ ਹੈ, ਜਾਂ ਉਹ ਜੋ ਉਸ ਦੀ ਉਡੀਕ ਕਰ ਰਹੇ ਹਨ
- ਜਿਨ੍ਹਾਂ ਦਾ ਸਟੈਮ ਸੈੱਲ ਟ੍ਰਾਂਸਪਲਾਂਟ ਹੋਇਆ ਹੈ
- ਜੋ ਮੇਨਿੰਨਜੋਕੋਕਲ A, Y ਜਾਂ W ਬਿਮਾਰੀ ਵਾਲੇ ਕਿਸੇ ਵਿਅਕਤੀ ਦੇ ਨਜ਼ਦੀਕੀ ਸੰਪਰਕ ਵਿੱਚ ਰਹੇ ਹੋ, ਜਾਂ ਜਿਨ੍ਹਾਂ ਨੂੰ ਬੀ.ਸੀ. ਵਿੱਚ ਆਉਟਬ੍ਰੇਕ ਦੌਰਾਨ ਪਬਲਿਕ ਹੈਲਥ ਦੁਆਰਾ ਇਹਨਾਂ ਨਾਲ ਲਾਗ ਦੇ ਜੋਖਮ ਵਿੱਚ ਹੋਣਾ ਨਿਰਧਾਰਤ ਕੀਤਾ ਗਿਆ ਹੈ

ਹੇਠ ਲਿਖੇ ਲੋਕਾਂ ਲਈ ਇਸ ਵੈਕਸੀਨ ਦੀ ਸਿਫ਼ਾਰਸ਼ ਕੀਤੀ ਜਾਂਦੀ ਹੈ, ਪਰ ਉਹ ਮੁਫ਼ਤ ਮੁਹੱਈਆ ਨਹੀਂ ਕੀਤੀ ਜਾਂਦੀ:

- ਨਿਯਮਿਤ ਤੌਰ 'ਤੇ ਮੇਨਿੰਨਜੋਕੋਕਲ ਬੈਕਟੀਰੀਆ ਦੇ ਸੰਪਰਕ ਵਿੱਚ ਆਉਣ ਵਾਲੇ ਪ੍ਰਯੋਗਸ਼ਾਲਾ ਕਰਮਚਾਰੀ
- ਫੌਜੀ ਕਰਮਚਾਰੀ
- ਐੱਚਆਈਵੀ (HIV) ਨਾਲ ਰਹਿ ਰਹੇ ਲੋਕ
- ਮੇਨਿੰਨਜੋਕੋਕਲ ਬਿਮਾਰੀ ਲਈ ਉੱਚ-ਜੋਖਮ ਵਾਲੇ ਖੇਤਰ ਵਿੱਚ ਰਹਿਣ ਵਾਲੇ ਜਾਂ ਯਾਤਰਾ ਕਰਨ ਵਾਲੇ ਲੋਕ

ਉੱਚ-ਜੋਖਮ ਵਾਲੇ ਯਾਤਰਾ ਖੇਤਰਾਂ ਬਾਰੇ ਜਾਣਕਾਰੀ ਲਈ, ਕਿਸੇ ਟ੍ਰੈਵਲ ਕਲੀਨਿਕ ਨਾਲ ਸੰਪਰਕ ਕਰੋ।

ਵੈਕਸੀਨ ਆਮ ਤੌਰ 'ਤੇ ਇੱਕ ਖੁਰਾਕ ਦੇ ਰੂਪ ਵਿੱਚ ਦਿੱਤੀ ਜਾਂਦੀ ਹੈ। ਕੁਝ ਲੋਕਾਂ ਨੂੰ ਵੈਕਸੀਨ ਦੀਆਂ ਵਾਧੂ ਖੁਰਾਕਾਂ ਦੀ ਲੋੜ ਹੋ ਸਕਦੀ ਹੈ। ਇਹ ਪਤਾ ਲਗਾਉਣ ਲਈ ਕਿ ਕੀ ਤੁਹਾਨੂੰ ਹੋਰ ਖੁਰਾਕਾਂ ਦੀ ਲੋੜ ਹੈ ਅਤੇ ਤੁਹਾਨੂੰ ਉਹ ਕਦੋਂ ਲੈਣੀਆਂ ਚਾਹੀਦੀਆਂ ਹਨ, ਆਪਣੇ ਸਿਹਤ ਸੰਭਾਲ ਪ੍ਰਦਾਤਾ ਨਾਲ ਗੱਲ ਕਰੋ।

ਉਹ ਲੋਕ ਜੋ ਮੁਫ਼ਤ ਵੈਕਸੀਨ ਲਈ ਯੋਗ ਨਹੀਂ ਹਨ ਪਰ ਬਿਮਾਰੀ ਦੇ ਮੇਨਿੰਨਜੋਕੋਕਲ A, C, Y ਅਤੇ W ਸਟ੍ਰੇਨਾਂ ਤੋਂ ਸੁਰੱਖਿਅਤ ਰਹਿਣਾ ਚਾਹੁੰਦੇ ਹਨ, ਜ਼ਿਆਦਾਤਰ ਫਾਰਮੇਸੀਆਂ ਅਤੇ ਟ੍ਰੈਵਲ ਕਲੀਨਿਕਾਂ ਤੋਂ ਵੈਕਸੀਨ ਖਰੀਦ ਸਕਦੇ ਹਨ।

ਬੀਮਾਰੀਆਂ ਤੋਂ ਬਚਾਉਣ ਲਈ ਲਗਾਏ ਗਏ ਸਾਰੇ ਟੀਕਿਆਂ ਦਾ ਰਿਕਾਰਡ ਰੱਖਣਾ ਮਹੱਤਵਪੂਰਨ ਹੈ।

ਵੈਕਸੀਨ ਦੇ ਕੀ ਲਾਭ ਹਨ?

ਇਹ ਵੈਕਸੀਨ ਮੇਨਿੰਨਜੋਕੋਕਲ ਲਾਗ, ਜੋ ਕਿ ਇੱਕ ਗੰਭੀਰ ਅਤੇ ਕਈ ਵਾਰ ਘਾਤਕ ਬਿਮਾਰੀ ਹੈ, ਤੋਂ ਬਚਾਅ ਦਾ ਸਭ ਤੋਂ ਵਧੀਆ ਤਰੀਕਾ ਹੈ।

ਜਦੋਂ ਤੁਸੀਂ ਆਪਣਾ ਟੀਕਾਕਰਨ ਕਰਵਾਉਂਦੇ ਹੋ, ਤਾਂ ਤੁਸੀਂ ਦੂਜਿਆਂ ਦੀ ਸੁਰੱਖਿਆ ਵਿੱਚ ਵੀ ਮਦਦ ਕਰਦੇ ਹੋ।

ਬੁਖਾਰ ਜਾਂ ਜਲਨ ਲਈ ਅਸੀਟਾਮੇਨੋਫੇਨ (acetaminophen) (ਉਦਾਹਰਣ ਲਈ ਟਾਇਲੇਨੋਲ (Tylenol®)) ਜਾਂ ਆਈਬਿਊਪ੍ਰੋਫੇਨ (ibuprofen*) (ਉਦਾਹਰਣ ਲਈ ਐਡਵਿਲ (Advil®)) ਦਿੱਤੀ ਜਾ ਸਕਦੀ ਹੈ। ਰੇਏ ਸਿੰਨਡਰੋਮ ਦੇ ਖਤਰੇ ਕਰਕੇ 18 ਸਾਲਾਂ ਤੋਂ ਘੱਟ ਉਮਰ ਦੇ ਕਿਸੇ ਵਿਅਕਤੀ ਨੂੰ ਏਐਸਏ (ASA) (ਉਦਾਹਰਣ ਲਈ ਐਸਪਰੀਨ (Aspirin®)) ਨਹੀਂ ਦਿੱਤੀ ਜਾਣੀ ਚਾਹੀਦੀ।

ਵੈਕਸੀਨ ਦੇ ਬਾਅਦ ਦੀਆਂ ਸੰਭਾਵੀ ਪ੍ਰਤੀਕਿਰਿਆਵਾਂ ਕੀ ਹਨ?

ਵੈਕਸੀਨਾਂ ਬਹੁਤ ਸੁਰੱਖਿਅਤ ਹੁੰਦੀਆਂ ਹਨ। ਮੇਨਿੰਨਜੋਕੋਕਲ ਬਿਮਾਰੀ ਹੋਣ ਨਾਲੋਂ ਵੈਕਸੀਨ ਲਗਵਾਉਣਾ ਜ਼ਿਆਦਾ ਸੁਰੱਖਿਅਤ ਹੈ।

ਵੈਕਸੀਨ ਦੀਆਂ ਆਮ ਪ੍ਰਤੀਕ੍ਰਿਆਵਾਂ ਵਿੱਚ ਵੈਕਸੀਨ ਦਿੱਤੇ ਜਾਣ ਵਾਲੀ ਥਾਂ ਤੇ ਜਲਨ, ਲਾਲੀ, ਅਤੇ ਸੋਜ ਸ਼ਾਮਲ ਹੋ ਸਕਦੇ ਹਨ। ਵੈਕਸੀਨ ਲਗਵਾਉਣ ਤੋਂ ਬਾਅਦ ਸਿਰ ਦਰਦ, ਮਾਸਪੇਸ਼ੀਆਂ ਵਿੱਚ ਦਰਦ, ਥਕਾਵਟ, ਠੰਡ ਲੱਗਣਾ, ਬੁਖਾਰ ਅਤੇ ਮਤਲੀ ਵੀ ਹੋ ਸਕਦੀ ਹੈ। ਇਹ ਪ੍ਰਤੀਕਿਰਿਆਵਾਂ ਹਲਕੀਆਂ ਹੁੰਦੀਆਂ ਹਨ ਅਤੇ ਆਮ ਤੌਰ 'ਤੇ 1 ਤੋਂ 2 ਦਿਨਾਂ ਲਈ ਰਹਿੰਦੀਆਂ ਹਨ।

*ਤੁਹਾਡੇ ਸਿਹਤ ਸੰਭਾਲ ਪ੍ਰਦਾਤਾ ਨਾਲ ਪਹਿਲਾਂ ਗੱਲ ਕੀਤੇ ਬਿਨਾਂ 6 ਮਹੀਨਿਆਂ ਤੋਂ ਘੱਟ ਉਮਰ ਦੇ ਬੱਚਿਆਂ ਨੂੰ ਆਈਬਿਊਪਰੋਫ਼ੈਨ ਨਹੀਂ ਦਿੱਤੀ ਜਾਣੀ ਚਾਹੀਦੀ।

ਰੇਏ ਸਿੰਨਡਰੋਮ ਬਾਰੇ ਹੋਰ ਜਾਣਕਾਰੀ ਲਈ, HealthLinkBC File #84 ਰੇਏ ਸਿੰਨਡਰੋਮ 'ਤੇ ਜਾਓ।

ਕੋਈ ਵੀ ਵੈਕਸੀਨ ਲਗਵਾਉਣ ਤੋਂ ਬਾਅਦ 15 ਮਿੰਟ ਤੱਕ ਕਲੀਨਿਕ ਵਿੱਚ ਰਹਿਣਾ ਮਹੱਤਵਪੂਰਨ ਹੈ। ਐਨਾਫਲਾਕਸਿਸ ਨਾਮ ਦੀ ਜੀਵਨ ਨੂੰ ਖਤਰੇ ਵਿੱਚ ਪਾਉਣ ਵਾਲੀ ਅਲਰਜਿਕ ਪ੍ਰਤੀਕ੍ਰਿਆ ਦੀ ਅਤਿ ਵਿਰਲੀ ਸੰਭਾਵਨਾ ਹੈ। ਅਜਿਹਾ ਵੈਕਸੀਨ ਪ੍ਰਾਪਤ ਕਰਨ ਵਾਲੇ ਇੱਕ ਮਿਲੀਅਨ ਵਿੱਚੋਂ ਇੱਕ ਤੋਂ ਵੀ ਘੱਟ ਲੋਕਾਂ ਵਿੱਚ ਹੁੰਦਾ ਹੈ। ਲੱਛਣਾਂ ਵਿੱਚ ਛਪਾਕੀ, ਸਾਹ ਲੈਣ ਵਿੱਚ ਤਕਲੀਫ, ਜਾਂ ਗਲੇ, ਜੀਭ ਜਾਂ ਬੁਲਾਂ ਦੀ ਸੋਜ ਸ਼ਾਮਲ ਹੋ ਸਕਦੇ ਹਨ। ਜੇਕਰ ਇਹ ਪ੍ਰਤੀਕਿਰਿਆ ਹੁੰਦੀ ਹੈ, ਤਾਂ ਤੁਹਾਡਾ ਸਿਹਤ ਸੰਭਾਲ ਪ੍ਰਦਾਤਾ ਉਸਦਾ ਇਲਾਜ ਕਰਨ ਲਈ ਤਿਆਰ ਹੈ। ਐਮਰਜੈਂਸੀ ਇਲਾਜ ਵਿੱਚ ਏਪੀਨੇਫ੍ਰਿਨ (ਐਡਰੇਨਲਿਨ) ਦਿੱਤੇ ਜਾਣਾ ਅਤੇ ਐਂਬੂਲੈਂਸ ਦੁਆਰਾ ਨਜ਼ਦੀਕੀ ਐਮਰਜੈਂਸੀ ਵਿਭਾਗ ਵਿੱਚ ਟ੍ਰਾਂਸਫਰ ਕਰਨਾ ਸ਼ਾਮਲ ਹੈ। ਜੇਕਰ ਤੁਹਾਡੇ ਕਲੀਨਿਕ ਤੋਂ ਜਾਣ ਤੋਂ ਬਾਅਦ ਲੱਛਣ ਪੈਦਾ ਹੁੰਦੇ ਹਨ, ਤਾਂ **9-1-1** 'ਤੇ ਜਾਂ ਸਥਾਨਕ ਐਮਰਜੈਂਸੀ ਨੰਬਰ 'ਤੇ ਕਾਲ ਕਰੋ।

ਆਪਣੇ ਸਿਹਤ ਸੰਭਾਲ ਪ੍ਰਦਾਤਾ ਨੂੰ ਹਮੇਸ਼ਾ ਗੰਭੀਰ ਜਾਂ ਅਚਾਨਕ ਹੋਣ ਵਾਲੀਆਂ ਪ੍ਰਤੀਕਿਰਿਆਵਾਂ ਦੀ ਰਿਪੋਰਟ ਕਰੋ।

ਕਿਸਨੂੰ ਵੈਕਸੀਨ ਨਹੀਂ ਲਗਵਾਉਣੀ ਚਾਹੀਦੀ?

ਆਪਣੇ ਸਿਹਤ ਸੰਭਾਲ ਪ੍ਰਦਾਤਾ ਨਾਲ ਗੱਲ ਕਰੋ ਜੇ:

- ਤੁਹਾਨੂੰ ਜਾਂ ਤੁਹਾਡੇ ਬੱਚੇ ਨੂੰ ਕਿਸੇ ਹੋਰ ਮੇਨਿੰਨਜੋਕੋਕਲ ਵੈਕਸੀਨ ਦੀ ਪਿਛਲੀ ਖੁਰਾਕ, ਜਾਂ ਮੇਨਿੰਨਜੋਕੋਕਲ ਕੁਆਡਰੀਵੇਲੈਂਟ ਕੰਨਜੂਗੇਟ ਵੈਕਸੀਨ ਦੇ ਕਿਸੇ ਵੀ ਹਿੱਸੇ ਪ੍ਰਤੀ ਜਾਨਲੇਵਾ ਪ੍ਰਤੀਕ੍ਰਿਆ ਹੋਈ ਸੀ
- ਤੁਸੀਂ ਜਾਂ ਤੁਹਾਡਾ ਬੱਚਾ ਟਰਮੀਨਲ ਕੰਮਪਲੀਮੈਂਟ ਇਨਹਿਬਿਟਰ ਦਵਾਈ (ਉਦਾਹਰਣ ਲਈ, ਸੋਲੀਰਿਸ® ਜਾਂ ਅਲਟੋਮੀਰਿਸ®) ਲੈ ਰਹੇ ਹੋ

ਜ਼ੁਕਾਮ ਜਾਂ ਹੋਰ ਹਲਕੀਬਿਮਾਰੀ ਦੇ ਕਾਰਨ ਟੀਕਾਕਰਨ ਕਰਵਾਉਣ ਵਿੱਚ ਦੇਰੀ ਕਰਨ ਦੀ ਕੋਈ ਲੋੜ ਨਹੀਂ ਹੈ। ਪਰ, ਜੇ ਤੁਹਾਨੂੰ ਕੋਈ ਚਿੰਤਾਵਾਂ ਹਨ, ਤਾਂ ਆਪਣੇ ਸਿਹਤ ਸੰਭਾਲ ਪ੍ਰਦਾਤਾਨਾਲ ਗੱਲ ਕਰੋ।

ਮੇਨਿੰਨਜੋਕੋਕਲ ਲਾਗ ਕੀ ਹੈ?

ਮੇਨਿੰਨਜੋਕੋਕਲ ਲਾਗ ਬੈਕਟੀਰੀਆ ਕਾਰਨ ਹੁੰਦੀ ਹੈ। ਬੀ.ਸੀ. ਵਿੱਚ ਟਾਇਪ A, C, Y ਅਤੇ W ਦੇ ਕਾਰਨ ਮੇਨਿੰਨਜੋਕੋਕਲ ਲਾਗ ਬਹੁਤ ਘੱਟ ਹੁੰਦੀ ਹੈ। ਹਾਲਾਂਕਿ ਇਹ ਬਹੁਤ ਘੱਟ ਹੁੰਦੀ ਹੈ, ਇਹ ਮੇਨਿਨਜਾਈਟਿਸ, ਦਿਮਾਗ ਨੂੰ ਢੱਕਣ ਵਾਲੀ ਪਰਤ ਦੀ ਲਾਗ, ਅਤੇ ਸੈਪਟੀਸੀਮੀਆ, ਖੂਨ ਦੀ ਲਾਗ ਸਮੇਤ ਗੰਭੀਰ ਅਤੇ ਜਾਨਲੇਵਾ ਲਾਗਾਂ ਦਾ ਕਾਰਨ ਬਣ ਸਕਦੀ ਹੈ। ਬਿਮਾਰ ਹੋਣ ਵਾਲੇ ਹਰ 100 ਲੋਕਾਂ ਲਈ, 15 ਤੱਕ ਦੀ ਮੌਤ ਹੋ ਜਾਵੇਗੀ, ਭਾਵੇਂ ਉਹ ਇਲਾਜ ਕਰਵਾ ਲੈਂਦੇ ਹਨ। ਲਾਗ ਦੀਆਂ ਸਥਾਈ ਜਟਿਲਤਾਵਾਂ ਵਿੱਚ ਦਿਮਾਗ ਨੂੰ ਨੁਕਸਾਨ, ਬੋਲ਼ਾਪਣ ਅਤੇ ਲੱਤਾਂ/ਬਾਹਵਾਂ ਦਾ ਨੁਕਸਾਨ ਸ਼ਾਮਲ ਹਨ।

ਮੇਨਿੰਨਜੋਕੋਕਲ ਲਾਗ ਖੰਘਣ, ਛਿੱਕਣ ਜਾਂ ਆਹਮੋ-ਸਾਹਮਣੇ ਦੇ ਨਜ਼ਦੀਕੀ ਸੰਪਰਕ ਦੁਆਰਾ ਇੱਕ ਵਿਅਕਤੀ ਤੋਂ ਦੂਜੇ ਵਿਅਕਤੀ ਵਿੱਚ ਫੈਲਦੀ ਹੈ। ਇਹ ਥੁੱਕ ਰਾਹੀਂ ਵੀ ਫੈਲ ਸਕਦੀ ਹੈ। ਇਹ ਚੁੰਮਣ ਜਾਂ ਖਾਣਾ, ਪੀਣ ਵਾਲੇ ਪਦਾਰਥ, ਸਿਗਰਟਾਂ, ਲਿਪਸਟਿਕਾਂ, ਪਾਣੀ ਦੀਆਂ ਬੋਤਲਾਂ, ਖੇਡਾਂ ਲਈ ਵਰਤੇ ਜਾਣ ਵਾਲੇ ਮਾਊਥ ਗਾਰਡ, ਜਾਂ ਸੰਗੀਤਕ ਦੇ ਸਾਜ਼ਾ ਦੇ ਮਾਊਥਪੀਸ ਸਾਂਝੇ ਕਰਨ ਵਰਗੀਆਂ ਗਤੀਵਿਧੀਆਂ ਰਾਹੀਂ ਹੋ ਸਕਦਾ ਹੈ।

ਸਿਆਣੇ ਨਾਬਾਲਗਾਂ ਦੀ ਸਹਿਮਤੀ

ਸਿਫ਼ਾਰਸ਼ ਕੀਤੀ ਜਾਂਦੀ ਹੈ ਕਿ ਮਾਤਾ-ਪਿਤਾ ਜਾਂ ਸਰਪ੍ਰਸਤ ਅਤੇ ਉਨ੍ਹਾਂ ਦੇ ਬੱਚੇ ਟੀਕਾਕਰਨ (ਇਮਿਊਨਾਈਜ਼ੇਸ਼ਨ) ਲਈ ਸਹਿਮਤੀ ਬਾਰੇ ਚਰਚਾ ਕਰਨ। 19 ਸਾਲ ਤੋਂ ਘੱਟ ਉਮਰ ਦੇ ਉਹ ਬੱਚੇ ਜਿਹੜੇ ਹਰ ਵੈਕਸੀਨ ਦੇ ਲਾਭ ਅਤੇ ਸੰਭਵ ਪ੍ਰਤੀਕਿਰਿਆਵਾਂ ਅਤੇ ਇਮਿਊਨਾਈਜ਼ੇਸ਼ਨ ਨਾ ਕਰਵਾਉਣ ਦੇ ਜੋਖਮ ਸਮਝਣ ਦੇ ਕਾਬਲ ਹੋਣ, ਕਾਨੂੰਨੀ ਤੌਰ ਤੇ ਇਮਿਊਨਾਈਜ਼ੇਸ਼ਨ ਲਈ ਸਹਿਮਤ ਹੋ ਸਕਦੇ ਜਾਂ ਉਸ ਲਈ ਇਨਕਾਰ ਕਰ ਸਕਦੇ ਹਨ। ਸਿਆਣੇ ਨਾਬਾਲਗਾਂ ਦੀ ਸਹਿਮਤੀ ਬਾਰੇ ਹੋਰ ਜਾਣਕਾਰੀ ਵਾਸਤੇ HealthLinkBC File #119 ਦ ਇੰਨਫੈਂਟਸ ਐਕਟ, ਸਿਆਣੇ ਨਾਬਾਲਗਾਂ ਦੀ ਸਹਿਮਤੀ ਅਤੇ ਇਮਿਊਨਾਈਜ਼ੇਸ਼ਨ 'ਤੇ ਜਾਓ।

ਹੋਰ ਹੈਲਥਲਿੰਕਬੀਸੀ ਫਾਈਲ ਵਿਸ਼ਿਆਂ ਵਾਸਤੇ www.HealthLinkBC.ca/health-library/healthlinkbc-files 'ਤੇ ਜਾਂ ਆਪਣੇ ਸਥਾਨਕ ਪਬਲਿਕ ਹੈਲਥ ਯੂਨਿਟ ਕੋਲ ਜਾਓ। ਬੀ.ਸੀ. ਵਿੱਚ ਗੈਰ-ਐਮਰਜੈਂਸੀ ਸਿਹਤ ਜਾਣਕਾਰੀ ਅਤੇ ਸਲਾਹ ਦੇ ਲਈ www.HealthLinkBC.ca 'ਤੇ ਜਾਓ ਜਾਂ **8-1-1** (ਟੋਲ-ਫ੍ਰੀ) 'ਤੇ ਫੋਨ ਕਰੋ। ਬੋਲੇ ਅਤੇ ਉੱਚਾ ਸੁਣਨ ਵਾਲਿਆਂ ਲਈ, **7-1-1** ਤੇ ਫੋਨ ਕਰੋ। ਬੇਨਤੀ ਕਰਨ ਤੇ 130 ਤੋਂ ਵੱਧ ਭਾਸ਼ਾਵਾਂ ਵਿੱਚ ਅਨੁਵਾਦ ਸੇਵਾਵਾਂ ਉਪਲਬਧ ਹਨ।